# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ) ਪੰਜਾਬ

ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ਼, ਈ-ਬਲਾਕ, ਚੌਥੀ ਮੰਜਿਲ, ਫੇਜ-8, ਐਸ.ਏ.ਐਸ ਨਗਰ
(ਸੈਕੰਡਰੀ ਸਿੱਖਿਆ ਸ਼ਾਖਾ)

ਵੱਲ

ਸਮੂਹ ਮੰਡਲ ਸਿੱਖਿਆ ਅਫਸਰ ਅਤੇ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)/ਐ.ਸਿ),

ਮੀਮੋ ਨੰ: 15/7-16 ਸੈ.ਸਿ (2)

ਮਿਤੀ: 31.08.2016

ਵਿਸ਼ਾ:- ਅਧਿਆਪਨ ਦੇ ਖੇਤਰ ਵਿੱਚ ਉੱਘਾ ਯੋਗਦਾਨ ਪਾਉਣ ਵਾਲੀਆਂ ਸਖਸੀਅਤਾਂ ਨੂੰ ਲਾਈਫਟਾਈਮ ਅਚੀਵਮੈਂਟ ਐਵਾਰਡ ਦੇਣ ਸਬੰਧੀ।

ਉਪਰੋਕਤ ਵਿਸ਼ੇ ਸਬੰਧੀ ਮਿਤੀ 31.08.2016 ਨੂੰ 11:00 ਵਜੇ ਮਾਨਯੋਗ ਸਿੱਖਿਆ ਮੰਤਰੀ ਜੀ ਦੀ ਪ੍ਰਧਾਨਗੀ ਹੇਠ ਮੀਟਿੰਗ ਵਿੱਚ ਇਹ ਫੈਸਲਾ ਲਿਆ ਗਿਆ ਕਿ ਲਾਈਫ ਟਾਈਮ ਅਚੀਵਮੈਂਟ ਅਵਾਰਡ ਲਈ ਅਧਿਆਪਨ ਦੇ ਖੇਤਰ ਵਿੱਚ ਉੱਘਾ ਯੋਗਦਾਨ ਪਾਉਣ ਵਾਲੀਆਂ ਦੋ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਜਾਵੇ ਜ਼ੋ ਹੇਠ ਲਿਖੀਆਂ ਸ਼ਰਤਾਂ ਪੂਰੀਆਂ ਕਰਦੇ ਹੋਣ:-

1. ਉਮੰਰ 55 ਸਾਲ ਜਾਂ ਇਸ ਤੋਂ ਵੱਧ ਹੋਵੇ।
2. ਮੁੱਢਲਾ ਯੋਗਦਾਨ ਸਕੂਲ ਪੱਧਰ ਦਾ ਹੋਵੇ।
3. ਸਖਸ਼ੀਅਤ ਦੇ ਕੰਮ ਕਰਨ ਵਾਲੀ ਸੰਸਥਾ ਸਰਕਾਰੀ, ਸਰਕਾਰੀ ਮਾਨਤਾ ਪ੍ਰਾਪਤ, ਗੈਰ ਸ਼ਰਕਾਰੀ ਜਾਂ ਮਿਸ਼ਨਰੀ ਹੋ ਸਕਦੀ ਹੈ।
4. ਰਾਜ ਪੁਰਸਕਾਰ, ਕੌਮੀ ਪੁਰਸਕਾਰ ਜਾਂ ਮਾਲਤੀ ਗਿਆਨ ਪੀਠ ਪੁਰਸਕਾਰ ਦੀ ਕੋਈ ਸ਼ਰਤ ਨਹੀਂ ਹੈ।

ਸੋ ਉਪਰੋਕਤ ਸ਼ਰਤਾਂ ਪੂਰੀਆ ਕਰਨ ਵਾਲੇ ਅਧਿਕਾਰੀਆਂ/ਕਰਮਚਾਰੀਆਂ ਦੀ ਨੋਮੀਨੇਸ਼ਨ ਮਿਤੀ 01.09.2016 ਤੱਕ ਇਸ ਦਫਤਰ ਨੂੰ ਭੇਜਣੀਆਂ ਯਕੀਨੀ ਬਣਾਈਆਂ ਜਾਣ।

ਇਸ ਤੋਂ ਇਲਾਵਾ ਸਪੈਸਲ ਸਟੇਟ ਅਵਾਰਡ ਜ਼ੋ ਸਿੱਧੇ ਤੌਰ ਤੇ ਜਿਲ੍ਹਾ ਸਿੱਖਿਆ ਅਫਸਰਾਂ (ਸੈ.ਸਿ/ਐ.ਸਿ), ਮੰਡਲ ਸਿੱਖਿਆ ਅਫਸਰਾਂ ਜਾਂ ਹੋਰ ਉੱਚ ਅਧਿਕਾਰੀਆਂ ਵਲੋਂ ਨਾਮੀਨੇਟ ਕਰਨੇ ਸਨ ਉਹਨਾਂ ਦੀ ਮਿਤੀ ਵਿੱਚ 01.09.2016 ਤੱਕ ਦਾ ਵਾਧਾ ਕੀਤਾ ਜਾਂਦਾ ਹੈ।

31/8/16

ਡਿਪਟੀ ਡਾਇਰੈਕਟਰ (ਸੈ.ਸਿ)

ਪਿੱਠ ਅੰਕਣ ਨੰ: ਉਕਤ ਮਿਤੀ, 31.08.2016

ਉਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਨਿੱਜੀ ਸਕੱਤਰ/ ਮਾਨਯੋਗ ਸਿੱਖਿਆ ਮੰਤਰੀ ਜੀ।
2. ਨਿੱਜੀ ਸਕੱਤਰ/ ਮਾਨਯੋਗ ਪ੍ਰਮੁੱਖ ਸਕੱਤਰ ਸਕੂਲ ਸਿੱਖਿਆ ਜੀ।
3. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
4. ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ) ਪੰਜਾਬ।
5. ਡਾਇਰੈਕਟਰ ਐਸ.ਸੀ.ਈ.ਆਰ.ਟੀ ਪੰਜਾਬ।

ਡਿਪਟੀ ਡਾਇਰੈਕਟਰ (ਸੈ.ਸਿ)